# ਦਫ਼ਤਰ ਜਿਲ੍ਹਾ ਮੈਜਿਸਟਰੇਟ, ਬਰਨਾਲਾ

(ਐਮ.ਏ. ਸ਼ਾਖਾ)

**ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਹੁਕਮ ਜਿਲ੍ਹਾ ਬਰਨਾਲਾ**

ਹੁਕਮ ਨੰ:..232../ਐਮ.ਏ. ਮਿਤੀ...24/04../2019

## ਹੁਕਮ

ਆਮ ਤੌਰ ਤੇ ਵੇਖਣ ਵਿੱਚ ਆਇਆ ਹੈ ਕਿ ਲਾਵਾਰਸ ਗਊਆਂ ਕਾਰਨ ਰਾਤ ਸਮੇਂ ਸੜਕ ਤੇ ਕਈ ਵਾਰ ਐਕਸੀਡੈਂਟ ਹੋ ਜਾਂਦੇ ਹਨ। ਇਸ ਕਾਰਨ ਆਮ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਵੀ ਹੁੰਦਾ ਹੈ। ਐਕਸੀਡੈਂਟ ਕਾਰਨ ਮਰੇ ਗਊ ਵੰਸ਼ ਸਬੰਧੀ ਕਈ ਵਾਰ ਇਹ ਇਲਜਾਮ ਲਗਾਇਆ ਜਾਂਦਾ ਹੈ ਕਿ ਇਹਨਾਂ ਨੂੰ ਕਿਸੇ ਸ਼ਰਾਰਤੀ ਅਨਸਰ ਨੇ ਮਾਰ ਕੇ ਸੁੱਟ ਦਿੱਤਾ ਹੈ, ਜਿਸ ਨਾਲ ਸਮਾਜ ਦੇ ਵੱਡੇ ਵਰਗ ਵਿੱਚ ਬੇਚੈਨੀ ਵੀ ਫੈਲਦੀ ਹੈ। ਇਹਨਾਂ ਹਾਲਾਤ ਨੂੰ ਮੱਦੇ ਨਜਰ ਰੱਖਦੇ ਹੋਏ, ਇਹ ਜਰੂਰੀ ਸਮਝਿਆ ਜਾਂਦਾ ਹੈ ਕਿ ਪਬਲਿਕ ਵੱਲੋਂ ਘਰਾਂ ਵਿੱਚ ਰੱਖੇ ਗਏ ਪਾਲਤੂ ਗਊ ਵੰਸ਼ ਦੀ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰੇਸ਼ਨ ਲਾਜਮੀ ਕਰਵਾਈ ਜਾਵੇ।

ਇਸਤੋਂ ਇਲਾਵਾ ਗਊ-ਵੰਸ਼ ਦੀ ਬਿਨਾ ਕਿਸੇ ਦਸਤਾਵੇਜੀ ਸਬੂਤ ਦੇ ਢੋਆ-ਢੁਆਈ ਤੇ ਪਾਬੰਦੀ ਅਤੇ ਨਾਲ-ਨਾਲ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊ ਵੰਸ਼ ਦੀ ਕਿਸੇ ਵੀ ਤਰ੍ਹਾਂ ਨਾਲ ਢੋਆ-ਢੁਆਈ ਤੇ ਪੂਰਨ ਪਾਬੰਦੀ ਲਗਾ ਦਿੱਤੀ ਜਾਵੇ।

ਇਸ ਲਈ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਬਰਨਾਲਾ** ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜਿਲ੍ਹਾ ਬਰਨਾਲਾ ਅੰਦਰ ਗਊ-ਵੰਸ਼ ਦੀ ਬਿਨਾ ਕਿਸੇ ਦਸਤਾਵੇਜੀ ਸਬੂਤ ਦੇ ਢੋਆ-ਢੁਆਈ ਤੇ ਪਾਬੰਦੀ ਲਗਾਉਂਦਾ ਹਾਂ ਅਤੇ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊ ਵੰਸ਼ ਦੀ ਕਿਸੇ ਵੀ ਤਰ੍ਹਾਂ ਨਾਲ ਢੋਆ-ਢੁਆਈ ਤੇ ਪੂਰਨ ਪਾਬੰਦੀ ਲਗਾਉਂਦਾ ਹਾਂ। ਇਸਤੋਂ ਇਲਾਵਾ ਜਿੰਨ੍ਹਾਂ ਲੋਕਾਂ ਨੇ ਘਰਾਂ ਵਿਚ ਗਊ ਵੰਸ਼ ਰੱਖੇ ਹੋਏ ਹਨ, ਉਹਨਾਂ ਨੂੰ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਕਰਾਉਣ ਦੇ ਆਦੇਸ਼ ਦਿੰਦਾ ਹਾਂ। ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਬਰਨਾਲਾ ਇਹ ਯਕੀਨੀ ਬਨਾਉਣਗੇ ਕਿ ਸ਼ਹਿਰਾਂ ਅਤੇ ਪਿੰਡਾਂ ਵਿੱਚ ਜਿੰਨ੍ਹਾਂ ਲੋਕਾਂ ਪਾਸ ਗਊ ਵੰਸ਼ ਨੂੰ ਰੱਖਿਆ ਹੋਇਆ ਹੈ, ਉਹ ਉਹਨਾਂ ਨੂੰ ਰਜਿਸਟਰਡ ਜਰੂਰ ਕਰਾਉਣ। ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਇਸ ਬਾਰੇ ਪ੍ਰਚਾਰ ਕਰਕੇ ਲੋਕਾਂ ਨੂੰ ਪ੍ਰੇਰਣਗੇ ਕਿ ਜਿੰਨ੍ਹਾਂ ਲੋਕਾਂ ਪਾਸ ਗਊ ਵੰਸ਼ ਰੱਖਿਆ ਹੋਇਆ ਹੈ, ਉਹ ਏਰੀਏ ਦੇ ਸਬੰਧਤ ਪਸ਼ੂ ਪਾਲਣ ਅਫਸਰ ਪਾਸ ਗਊ ਵੰਸ਼ ਦੀ ਰਜਿਸਟਰੇਸ਼ਨ ਕਰਾਉਣ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਗਊ ਵੰਸ਼ ਨੂੰ ਲੈਕੇ ਕੋਈ ਅਣਸੁਖਾਵੀਂ ਘਟਨਾਂ ਨਾ ਵਾਪਰ ਸਕੇ ਅਤੇ ਗਊ ਵੰਸ਼ ਦੀ ਸੁਰੱਖਿਆ ਸਬੰਧੀ ਉਪਰਾਲੇ ਕੀਤੇ ਜਾ ਸਕਣ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸਬੋਧਨ ਕਰਨ ਹਿੱਤ ਇਹ ਹੁਕਮ ਜਿਲ੍ਹਾ ਲੋਕ ਸੰਪਰਕ ਵਿਭਾਗ, ਬਰਨਾਲਾ ਦੀ ਪ੍ਰਚਾਰ ਵੈਨ ਰਾਹੀਂ ਮੁਨਾਦੀ ਕਰਵਾਕੇ ਲਾਗੂ ਕੀਤਾ ਜਾਵੇ। ਇਸ ਤੋਂ ਇਲਾਵਾ ਇਸ ਹੁਕਮ ਦੀਆਂ ਨਕਲਾਂ ਸਰਕਾਰੀ ਦਫਤਰਾਂ ਦੇ ਨੋਟਿਸ ਬੋਰਡਾਂ ਅਤੇ ਹੋਰ ਪਬਲਿਕ ਥਾਵਾਂ ਤੇ ਲੋਕਾਂ ਦੀ ਜਾਣਕਾਰੀ ਲਈ ਚਸਪਾ ਵੀ ਕੀਤੀਆਂ ਜਾਣ।

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ, ਜੋ ਮਿਤੀ: 26/04/2019 ਤੋ ਲੈਕੇ ਮਿਤੀ: 25/06/2019 ਤੱਕ ਜਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।**

ਜਿਲ੍ਹਾ ਮੈਜਿਸਟਰੇਟ ਬਰਨਾਲਾ

ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਬਰਨਾਲਾ।

ਪਿੱਠ ਅੰਕਣ ਨੰ:6076-6135/ਐਮ.ਏ. ਮਿਤੀ:25/04/2019

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਪਾਸ ਸੂਚਨਾ/ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
3) ਡਾਇਰੈਕਟਰ, ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ।
4) ਕਮਿਸ਼ਨਰ ਪਟਿਆਲਾ ਮੰਡਲ, ਪਟਿਆਲਾ।
5) ਡੀ.ਆਈ.ਜੀ ਪਟਿਆਲਾ, ਰੇਂਜ ਪਟਿਆਲਾ।
6) ਜਿਲ੍ਹਾ ਮੈਜਿਸਟਰੇਟ ਫਰੀਦਕੋਟ/ਫਿਰੋਜਪੁਰ/ਲੁਧਿਆਣਾ/ਜਲੰਧਰ/ਅੰਮ੍ਰਿਤਸਰ/ਕਪੂਰਥਲਾ/ਹੁਸ਼ਿਆਰਪੁਰ/ਪਟਿਆਲਾ/ਮਾਨਸਾ/ ਮੁਕਤਸਰ/ ਮੋਗਾ/ਸ਼ਹੀਦ ਭਗਤ ਸਿੰਘ ਨਗਰ (ਨਵਾਂ ਸਹਿਰ) /ਫਤਿਹਗੜ੍ਹ ਸਾਹਿਬ/ਸੰਗਰੂਰ/ਗੁਰਦਾਸਪੁਰ/ਫਾਜ਼ਿਲਕਾ/ਪਠਾਨਕੋਟ/ ਅਜੀਤਗੜ੍ਹ(ਐਸ.ਏ.ਐਸ.ਨਗਰ-ਮੋਹਾਲੀ)/ਰੂਪਨਗਰ/ਬਠਿੰਡਾ/ਤਰਨਤਾਰਨ।
7) ਜਿਲ੍ਹਾ ਅਤੇ ਸੈਸ਼ਨ ਜੱਜ, ਬਰਨਾਲਾ।
8) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
9) ਸਿਵਲ ਸਰਜਨ, ਬਰਨਾਲਾ।
10) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ।
11) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ।
12) ਜਿਲ੍ਹਾ ਕੰਟਰੋਲਰ, ਖੁਰਾਕ ਤੇ ਸਿਵਲ ਸਪਲਾਈਜ, ਬਰਨਾਲਾ।
13) ਜਿਲ੍ਹਾ ਸਿੱਖਿਆ ਅਫ਼ਸਰ,(ਸੈਕੰ/ਐਲੀ), ਬਰਨਾਲਾ।
14) ਜਿਲ੍ਹਾ ਅਟਾਰਨੀ(ਲੀਗਲ), ਬਰਨਾਲਾ।
15) ਤਹਿਸੀਲਦਾਰ ਬਰਨਾਲਾ/ਤਪਾ ਅਤੇ ਨਾਇਬ ਤਹਿਸੀਲਦਾਰ ਬਰਨਾਲਾ/ਤਪਾ/ਭਦੌੜ/ਧਨੌਲਾ/ਮਹਿਲਕਲਾਂ।
16) ਜਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ, ਬਰਨਾਲਾ/ਜਿਲ੍ਹਾ ਮਾਲ ਅਫ਼ਸਰ, ਬਰਨਾਲਾ।
17) ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਬਰਨਾਲਾ।
18) ਕਾਰਜ ਸਾਧਕ ਅਫਸਰ, ਨਗਰ ਕੌਂਸਲ ਬਰਨਾਲਾ/ਧਨੌਲਾ/ਭਦੌੜ/ਤਪਾ/ਨਗਰ ਪੰਚਾਇਤ ਹੰਡਿਆਇਆ।
19) ਬੀ.ਡੀ.ਪੀ.ਓ, ਬਰਨਾਲਾ/ਮਹਿਲਕਲਾਂ/ਸ਼ਹਿਣਾ ਪਾਸ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ।
20) ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਪਾਸ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਆਪਣੇ ਪੱਧਰ ਤੇ ਪ੍ਰੈੱਸ ਨੋਟ ਜਾਰੀ ਕੀਤਾ ਜਾਵੇ ਅਤੇ ਪ੍ਰਚਾਰ ਮੁਨਾਦੀ ਰਾਹੀਂ ਕਰਕੇ ਰਿਪੋਰਟ ਭੇਜਣਗੇ।
21) ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ/ਸ.ਕ.(ਜ/ਸ਼ਿ) ਬਰਨਾਲਾ ਪਾਸ ਅਫ਼ਸਰ ਸਹਿਬਾਨ ਦੀ ਜਾਣਕਾਰੀ ਹਿੱਤ।

ਵਾ: ਜਿਲ੍ਹਾ ਮੈਜਿਸਟਰੇਟ
ਬਰਨਾਲਾ।